

ਪੰਜਾਬ ਟਾਈਮਜ਼

# ਯਾਦਗਾਰੀ ਹੋ ਨਿਬੜਿਆ ਸਰਕਾਰੀ ਸ਼ਿਵਾਲਿਕ ਕਾਲਜ ਦਾ ਸਾਲਾਨਾ ਇਨਾਮ ਵੰਡ ਸਮਾਗਮ



ਪੰਜਾਬ ਟਾਈਮਜ਼ | ਵਿਸ਼ੇਸ਼

ਨੰਗਲ, 3 ਮਈ ( ਰਾਕੇਸ਼ ਸੈਣੀ )- ਪੰਜਾਬ ਦੇ ਉਚੇਰੀ ਸਿੱਖਿਆ ਮੰਤਰੀ ਸ.ਹਰਜੋਤ ਸਿੰਘ ਬੈਂਸ ਨੇ ਕਿਹਾ ਹੈ ਕਿ ਅਜੋਕੇ ਸਮੇਂ ਦੀ ਆਧੁਨਿਕ ਸਿੱਖਿਆ ਨਾਲ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਦੀ ਸ਼ੁਰੂਆਤ ਕੀਤੀ ਗਈ ਹੈ। ਮੁਕਾਬਲੇਬਾਜੀ ਦੇ ਦੌਰ ਵਿੱਚ ਵਿਦਿਆਰਥੀਆਂ ਨੂੰ ਅੱਜ ਦੇ ਸਮੇਂ ਦੀ ਲੋੜ ਅਨੁਸਾਰ ਵਿੱਦਿਆ ਪ੍ਰਦਾਨ ਕੀਤੀ ਜਾ ਰਹੀ ਹੈ। ਸਥਾਨਕ ਸਰਕਾਰੀ ਸ਼ਿਵਾਲਿਕ ਕਾਲਜ ਨੰਗਲ ਵਿੱਚ ਸਲਾਨਾ ਇਨਾਮ ਵੰਡ ਸਮਾਰੋਹ ਮੌਕੇ ਵਿਦਿਆਰਥੀਆਂ, ਅਧਿਆਪਕਾਂ ਤੇ ਪਤਵੰਤਿਆਂ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਦੇ ਉਚੇਰੀ ਸਿੱਖਿਆ, ਸਕੂਲ ਸਿੱਖਿਆ, ਤਕਨੀਕੀ ਸਿੱਖਿਆ, ਉਦਯੋਗਿਕ ਸਿਖਲਾਈ, ਭਾਸ਼ਾ ਅਤੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਨੇ ਕਿਹਾ ਕਿ ਬੀਤੇ ਦਿਨ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਤੋਂ ਇੱਕ ਨਿਵੇਕਲੀ ਸ਼ੁਰੂਆਤ ਕੀਤੀ ਗਈ ਹੈ। ਇੰਡਸਟਰੀ ਨਾਲ ਤਾਲਮੇਲ ਕੀਤਾ ਗਿਆ ਹੈ, ਹੁਣ ਵਿਦਿਆਰਥੀ ਆਪਣੇ ਦਾਖਲੇ ਦੌਰਾਨ ਪਹਿਲੇ ਸਮੈਸਟਰ ਤੋਂ ਹੀ ਸਬੰਧਿਤ ਉਦਯੋਗ ਨਾਲ ਜੁੜ ਜਾਣਗੇ ਅਤੇ ਉਨ੍ਹਾਂ ਨੂੰ ਆਪਣੇ ਭਵਿੱਖ ਅਤੇ ਰੁਜ਼ਗਾਰ ਦੇ ਮੌਕੇ ਤਲਾਸ਼ ਕਰਨ ਲਈ ਭਟਕਣਾ ਨਹੀ ਪਵੇਗਾ। ਉਨ੍ਹਾਂ ਨੇ ਕਿਹਾ ਕਿ ਸਰਕਾਰੀ ਕਾਲਜਾਂ ਵਿੱਚ ਅਜੋਕੇ ਸਮੇਂ ਦੀ ਜਰੂਰਤ ਮੁਤਾਬਿਕ ਨਵੇ ਨਵੇ ਕੋਰਸ ਸ਼ੁਰੂ ਕੀਤੇ ਗਏ ਹਨ। ਉਨ੍ਹਾਂ ਨੇ ਕਿਹਾ ਕਿ ਅੱਜ ਲੜਕੀਆਂ ਬਹੁਤ ਤੇਜ਼ੀ ਨਾਲ ਅੱਗੇ ਵੱਧ ਰਹੀਆਂ ਹਨ ਤੇ ਲੜਕੇ ਲੜਕੀਆਂ ਹਰ ਮੁਕਾਮ ਨੂੰ ਹਾਸਲ ਕਰਨ ਵਿੱਚ ਮੋਹਰੀ ਹਨ।

ਪੰਜਾਬ ਦੇ ਸਰਕਾਰੀ ਕਾਲਜਾਂ ਦੀ ਬਦਲ ਰਹੀ ਨੁਹਾਰ ਬਾਰੇ ਸ.ਬੈਂਸ ਨੇ ਕਿਹਾ ਕਿ ਇਸ ਤਰਾਂ ਸਰਕਾਰੀ ਕਾਲਜਾਂ ਵਿੱਚ ਸਿੱਖਿਆ ਦਾ ਪੱਧਰ ਨਵੀਆਂ ਉਚਾਈਆਂ ਛੂਹ ਰਿਹਾ ਹੈ, ਉਸੇ ਤਰਾਂ ਬੁਨਿਆਦੀ ਢਾਂਚੇ ਦੇ ਵਿਕਾਸ ਉਤੇ ਵੀ ਕਰੋੜਾਂ ਰੁਪਏ ਖਰਚ ਕੀਤੇ ਜਾ ਰਹੇ ਹਨ। ਸ਼ਿਵਾਲਿਕ ਕਾਲਜ ਨੰਗਲ ਵਿੱਚ ਲਗਭਗ 1.25 ਕਰੋੜ ਨਾਲ ਵਿਕਾਸ ਦੇ ਕੰਮ ਚੱਲ ਰਹੇ ਹਨ, ਜਦੋਂ ਕਿ ਸੀ ਪਾਈਟ ਕੈਂਪ ਨੰਗਲ ਤੇ 2 ਕਰੋੜ ਰੁਪਏ ਖਰਚ ਹੋ ਰਹੇ ਹਨ। ਸੀ ਪਾਈਟ ਕੈਂਪ ਨੰਗਲ ਵਿਦਿਆਰਥੀਆਂ ਨੂੰ ਮੁਕਾਬਲੇਬਾਜੀ ਦੀ ਪ੍ਰੀਖਿਆ ਦੀ ਤਿਆਰੀ, ਰਿਹਾਇਸ਼, ਖਾਣੇ ਦੀ ਮੁਫਤ ਸਹੂਲਤ ਪੰਜਾਬ ਸਰਕਾਰ ਵੱਲੋਂ ਮੁਹੱਈਆ ਕਰਵਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਨੌਜਵਾਨਾਂ ਨੂੰ ਰੁਜਗਾਰ ਦੇ ਕੇ ਪੈਰਾ ਤੇ ਖੜੇ ਕਰ ਰਹੀ ਹੈ। ਗੈਸਟ ਫੈਕਲਿਟੀ ਹਟਾਉਣ ਦਾ ਸਾਡਾ ਕੋਈ ਇਰਾਦਾ ਨਹੀ ਹੈ, ਸਗੋਂ ਕਾਲਜਾਂ ਵਿਚ ਨਵੇ ਅਧਿਆਪਕ ਭਰਤੀ ਕੀਤੇ ਗਏ ਹਨ। ਇਸ ਮੌਕੇ ਡਾ ਸੰਜੀਵ ਗੌਤਮ ਚੇਅਰਮੈਨ ਗੁਰੂ ਰਵਿਦਾਸ ਆਯੁਰਵੈਦਿਕ ਯੂਨੀਵਰਸਿਟੀ, ਹਰਮਿੰਦਰ ਸਿੰਘ ਢਾਹੇ ਚੇਅਰਮੈਨ ਜਿਲ੍ਹਾ ਯੋਜਨਾ ਕਮੇਟੀ ਜਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ, ਸਤੀਸ਼ ਚੋਪੜਾ, ਨਿਸ਼ਾਤ ਗੁਪਤਾ, ਵਿਨੋਦ ਰਾਣਾ, ਦੀਪਕ ਅਬਰੋਲ, ਸੁਨੀਤਾ ਬਲਾਕ ਪ੍ਰਧਾਨ ਨਰਾਇਣ ਸ਼ਰਮਾ, ਮੁਕੇਸ਼ ਵਰਮਾ, ਮੁਨੀਸ਼ ਸ਼ਰਮਾ, ਦਲਜੀਤ ਸਿੰਘ, ਨਿਤਿਸ਼ ਸ਼ਰਮਾ, ਜੈਲਦਾਰ ਸਰਪੰਚ, ਗੁਰਮਿੰਦਰ ਸਿੰਘ ਸੈਕਰ, ਇਨੇ ਤੋ ਇਲਾਵਾ ਕਾਲਜ ਦੇ ਪ੍ਰਿੰਸੀਪਲ ਸੀਮਾ ਸੈਣੀ, ਸੀਨੀਅਰ ਪ੍ਰੋਫੈਸਰ ਨਿਸ਼ਾਤ ਕੁਮਾਰ ਗੋਇਲ, ਪ੍ਰੋਫੈਸਰ ਦਰਸ਼ਨ ਕੌਰ, ਪ੍ਰੋਫੈਸਰ ਗੁਰਮੀਤ ਕੌਰ, ਪ੍ਰੋਫੈਸਰ ਅਸ਼ਰਫ ਅਲੀ,ਡਾ ਕਮਲ ਕੁਮਾਰ, ਪ੍ਰੋਫੈਸਰ ਜਗਪਾਲ ਸਿੰਘ ਸਮੇਤ ਇਲਾਕੇ ਦੇ ਪਤਵੰਤੇ ਵੱਡੀ ਗਿਣਤੀ ਵਿਚ ਹਾਜ਼ਰ ਸਨ।

ਪੰਜਾਬੀ ਟ੍ਰਿਬਿਊਨ
ਚੰਡੀਗੜ੍ਹ

# ਬੈਂਸ ਨੇ ਵਿਦਿਆਰਥੀਆਂ ਨੂੰ ਇਨਾਮ ਵੰਡੇ

**ਨੰਗਲ:** ਸਰਕਾਰੀ ਸ਼ਿਵਾਲਿਕ ਕਾਲਜ ਨਯਾ ਨੰਗਲ ਵਿੱਚ ਕਰਵਾਏ ਸਮਾਰੋਹ ਵਿੱਚ ਵਿਦਿਆਰਥੀਆਂ ਨੂੰ ਇਨਾਮ ਵੰਡੇ ਗਏ। ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰੀ ਕਾਲਜਾਂ ਵਿੱਚ ਅਜੋਕੇ ਸਮੇਂ ਦੀ ਜ਼ਰੂਰਤ ਮੁਤਾਬਕ ਨਵੇਂ-ਨਵੇਂ ਕੋਰਸ ਸ਼ੁਰੂ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸ਼ਿਵਾਲਿਕ ਕਾਲਜ ਵਿੱਚ 1.25 ਕਰੋੜ ਦੇ ਵਿਕਾਸ ਕਾਰਜ ਚੱਲ ਰਹੇ ਹਨ ਜਦੋਂਕਿ ਪਾਈਟ ਕੈਂਪ ਨੰਗਲ ਦੇ 2 ਕਰੋੜ ਰੁਪਏ ਖ਼ਰਚ ਹੋ ਰਹੇ ਹਨ। ਸੀ ਪਾਈਟ ਕੈਂਪ ਨੰਗਲ ਵਿਦਿਆਰਥੀਆਂ ਨੂੰ ਮੁਕਾਬਲੇਬਾਜ਼ੀ ਦੀ ਪ੍ਰੀਖਿਆ, ਰਿਹਾਇਸ਼ ਖਾਣੇ ਦੀ ਮੁਫ਼ਤ ਸਹੂਲਤ ਸਰਕਾਰ ਮੁਹੱਈਆ ਕਰਵਾ ਰਹੀ ਹੈ। ਉਨ੍ਹਾਂ ਇਸ ਮੌਕੇ ਵਿਦਿਆਰਥੀਆਂ ਨੂੰ ਇਨਾਮ ਵੰਡੇ। ਇਸ ਮੌਕੇ ਡਾ ਸੰਜੀਵ ਗੌਤਮ, ਪ੍ਰਿੰਸੀਪਲ ਸੀਮਾ ਸੈਣੀ, ਪ੍ਰੋ. ਨਿਸ਼ਾਤ ਕੁਮਾਰ ਗੋਇਲ, ਅਰਸ਼ਦ ਅਲੀ, ਦਲਜੀਤ ਸਿੰਘ, ਗੁਰਜਿੰਦਰ ਸਿੰਘ ਛੋਕਰ, ਦਰਸ਼ਨ ਕੌਰ, ਗੁਰਮੀਤ ਕੌਰ, ਡਾ. ਕਮਲ, ਜਗਪਾਲ ਸਿੰਘ ਅਤੇ ਵੱਡੀ ਗਿਣਤੀ ਵਿੱਚ 'ਆਪ' ਆਗੂ ਹਾਜ਼ਰ ਸਨ।

-ਪੱਤਰ ਪ੍ਰੇਰਕ